ਸਾਰਗ ਮਹਲਾ ੫ ॥ ਮਾਈ ਸਤਿ ਸਤਿ ਸਤਿ ਹਰਿ ਸਤਿ ਸਤਿ ਸਤਿ ਸਾਧਾ ॥ ਬਚਨੁ ਗੁਰੂ ਜੋ ਪੂਰੈ ਕਹਿਓ ਮੈ ਛੀਕਿ ਗਾਂਠਰੀ ਬਾਧਾ ॥੧॥ ਰਹਾਉ ॥ ਨਿਸਿ ਬਾਸੁਰ ਨਖਿਅਤ੍ਰ ਬਿਨਾਸੀ ਰਵਿ ਸਸੀਅਰ ਬੇਨਾਧਾ ॥ ਗਿਰਿ ਬਸੁਧਾ ਜਲ ਪਵਨ ਜਾਇਗੋ ਇਕਿ ਸਾਧ ਬਚਨ ਅਟਲਾਧਾ ॥ ੧॥ ਅੰਡ ਬਿਨਾਸੀ ਜੇਰ ਬਿਨਾਸੀ ਉਤਭੁਜ ਸੇਤ ਬਿਨਾਧਾ ॥ ਚਾਰਿ ਬਿਨਾਸੀ ਖਟਹਿ ਬਿਨਾਸੀ ਇਕਿ ਸਾਧ ਬਚਨ ਨਿਹਚਲਾਧਾ ॥੨॥ ਰਾਜ ਬਿਨਾਸੀ ਤਾਮ ਬਿਨਾਸੀ ਸਾਤਕੁ ਭੀ ਬੇਨਾਧਾ ॥ ਦ੍ਰਿਸਟਿਮਾਨ ਹੈ ਸਗਲ ਬਿਨਾਸੀ ਇਕਿ ਸਾਧ ਬਚਨ ਆਗਾ ਧਾ ॥੩॥ ਆਪੇ ਆਪਿ ਆਪ ਹੀ ਆਪੇ ਸਭੁ ਆਪਨ ਖੇਲੁ ਦਿਖਾਧਾ ॥ ਪਾਇਓ ਨ ਜਾਈ ਕਹੀ ਭਾਂਤਿ ਰੇ ਪ੍ਰਭੁ ਨਾਨਕ ਗੁਰ ਮਿਲਿ ਲਾਧਾ ॥੪॥੬॥ {ਪੰਨਾ 1204}

ਪਦਅਰਥ:- ਮਾਈ—ਹੇ ਮਾਂ! ਸਤਿ ਹਰਿ—ਸਦਾ ਕਾਇਮ ਰਹਿਣ ਵਾਲਾ ਹਰੀ। ਸਤਿ ਸਾਧਾ—ਅਟੱਲ ਆਤਮਕ ਜੀਵਨ ਵਾਲਾ ਗੁਰੂ। ਗੁਰੂ ਪੂਰੈ—ਪੂਰੇ ਗੁਰੂ ਨੇ। ਛੀਕਿ—ਖਿੱਚ ਕੇ। ਗਾਂਠਰੀ—ਪੱਲੇ। ਬਾਧਾ—ਬੰਨ੍ਹ ਲਿਆ ਹੈ।1। ਰਹਾਉ।

ਨਿਸਿ—ਰਾਤ। ਬਾਸੁਰ—ਦਿਨ। ਨਖਿਅਤ੍ਰ—ਤਾਰੇ। ਬਿਨਾਸੀ—ਨਾਸਵੰਤ। ਰਵਿ—ਸੂਰਜ। ਸਸੀਅਰ—{__Dr} ਚੰਦ੍ਰਮਾ। ਬੇਨਾਧਾ—ਨਾਸਵੰਤ। ਗਿਰਿ—ਪਹਾੜ। ਬਸੁਧਾ—ਧਰਤੀ। ਪਵਨ—ਹਵਾ। ਇਕਿ—{ਲਫ਼ਜ਼ ‘ਇਕ’ ਤੋਂ ਬਹੁ-ਵਚਨ}।1।

ਅੰਡ, ਜੇਰ, ਉਤਭੁਜ, ਸੇਤ—ਅੰਡਿਆਂ ਤੋਂ, ਜਿਓਰ ਤੋਂ, ਧਰਤੀ ਤੋਂ, ਮੁੜ੍ਹਕੇ ਤੋਂ ਪੈਦਾ ਹੋਣ ਵਾਲੇ। ਚਾਰਿ—ਚਾਰ ਵੇਦ। ਖਟਹਿ—ਛੇ ਸ਼ਾਸਤ੍ਰ ਭੀ। ਨਿਹਚਲਾਧਾ—ਅਟੱਲ।2।

ਰਾਜ, ਤਾਮ, ਸਾਤਕੁ—ਰਾਜਸ, ਤਾਮਸ, ਸਾਤਕ (ਮਾਇਆ ਦੇ ਤਿੰਨ ਗੁਣ)—ਇਹਨਾਂ ਗੁਣਾਂ ਦੇ ਪ੍ਰਭਾਵ ਵਿਚ ਰਹਿਣ ਵਾਲੇ ਸਾਰੇ ਜੀਵ। ਦ੍ਰਿਸਟਿਮਾਨ—ਜੋ ਕੁਝ ਦਿੱਸ ਰਿਹਾ ਹੈ, ਇਹ ਸਾਰਾ ਦਿੱਸਦਾ ਜਗਤ। ਆਗਾਧਾ—ਅਗਾਧ, ਅਥਾਹ, ਅੰਤ-ਰਹਿਤ।3।

ਆਪੇ—ਆਪ ਹੀ। ਸਭੁ ਖੇਲੁ—ਸਾਰਾ (ਜਗਤ-) ਤਮਾਸ਼ਾ। ਕਹੀ ਭਾਂਤਿ—(ਹੋਰ) ਕਿਸੇ ਤਰੀਕੇ ਨਾਲ। ਰੇ—ਹੇ ਭਾਈ! ਨਾਨਕ—ਹੇ ਨਾਨਕ! ਗੁਰ ਮਿਲਿ—ਗੁਰੂ ਨੂੰ ਮਿਲ ਕੇ।4।

ਅਰਥ:- ਹੇ ਮਾਂ! ਪਰਮਾਤਮਾ ਸਦਾ ਹੀ ਕਾਇਮ ਰਹਿਣ ਵਾਲਾ ਹੈ, ਪਰਮਾਤਮਾ ਦੇ ਸੰਤ ਜਨ ਭੀ ਅਟੱਲ ਆਤਮਕ ਜੀਵਨ ਵਾਲੇ ਹਨ—ਇਹ ਜਿਹੜਾ ਬਚਨ (ਮੈਨੂੰ) ਪੂਰੇ ਗੁਰੂ ਨੇ ਦੱਸਿਆ ਹੈ, ਮੈਂ ਇਸ ਨੂੰ ਘੁੱਟ ਕੇ ਆਪਣੇ ਪੱਲੇ ਬੰਨ੍ਹ ਲਿਆ ਹੈ।1। ਰਹਾਉ।

ਹੇ ਮਾਂ! ਰਾਤ, ਦਿਨ, ਤਾਰੇ, ਸੂਰਜ, ਚੰਦ੍ਰਮਾ—ਇਹ ਸਾਰੇ ਨਾਸਵੰਤ ਹਨ। ਪਹਾੜ, ਧਰਤੀ, ਪਾਣੀ, ਹਵਾ—ਹਰੇਕ ਚੀਜ਼ ਨਾਸ ਹੋ ਜਾਇਗੀ। ਸਿਰਫ਼ ਗੁਰੂ ਦੇ ਬਚਨ ਹੀ ਕਦੇ ਟਲ ਨਹੀਂ ਸਕਦੇ।1।

ਹੇ ਮਾਂ! ਅੰਡਿਆਂ ਤੋਂ, ਜਿਓਰ ਤੋਂ, ਧਰਤੀ ਤੋਂ, ਮੁੜ੍ਹਕੇ ਤੋਂ ਪੈਦਾ ਹੋਣ ਵਾਲੇ ਸਭ ਜੀਵ ਨਾਸਵੰਤ ਹਨ। ਚਾਰ ਵੇਦ, ਛੇ ਸ਼ਾਸਤ੍ਰ—ਇਹ ਭੀ ਨਾਸਵੰਤ ਹਨ। ਸਿਰਫ਼ ਗੁਰੂ ਦੇ ਬਚਨ ਹੀ ਸਦਾ ਕਾਇਮ ਰਹਿਣ ਵਾਲੇ ਹਨ। ਧਰਮ ਪੁਸਤਕ ਤਾਂ ਕਈ ਬਣੇ ਤੇ ਕਈ ਮਿਟੇ, ਪਰ ਸਾਧ ਦਾ ਬਚਨ, ਭਾਵ, ਸਿਮਰਨ ਦੀ ਪੱਧਤੀ ਸਦਾ ਅਟੱਲ ਰਹਿੰਦੀ ਹੈ।2।

ਹੇ ਮਾਂ! (ਮਾਇਆ ਦੇ ਤਿੰਨ ਗੁਣ) ਰਾਜਸ ਤਾਮਸ ਸਾਤਕ ਨਾਸਵੰਤ ਹਨ। ਜੋ ਕੁਝ (ਇਹ ਜਗਤ) ਦਿੱਸ ਰਿਹਾ ਹੈ ਸਾਰਾ ਨਾਸਵੰਤ ਹੈ। ਸਿਰਫ਼ ਗੁਰੂ ਦੇ ਬਚਨ ਹੀ ਐਸੇ ਹਨ ਜੋ ਅਟੱਲ ਹਨ (ਭਾਵ, ਆਤਮਕ ਜੀਵਨ ਵਾਸਤੇ ਜੋ ਮਰਯਾਦਾ ਗੁਰੂ ਨੇ ਦੱਸੀ ਹੈ ਉਹ ਕਦੇ ਭੀ ਕਿਤੇ ਭੀ ਬਦਲ ਨਹੀਂ ਸਕਦੀ)।3।

ਹੇ ਨਾਨਕ! (ਆਖ—) ਹੇ ਭਾਈ! ਜਿਹੜਾ ਪਰਮਾਤਮਾ (ਆਪਣੇ ਵਰਗਾ) ਆਪ ਹੀ ਆਪ ਹੈ, ਜਿਸ ਨੇ ਇਹ ਸਾਰਾ

ਆਪਣਾ ਜਗਤ-ਤਮਾਸ਼ਾ ਵਿਖਾਇਆ ਹੋਇਆ ਹੈ, ਉਹ ਹੋਰ ਕਿਸੇ ਭੀ ਤਰੀਕੇ ਨਾਲ ਨਹੀਂ ਮਿਲ ਸਕਦਾ। ਉਹ ਪ੍ਰਭੂ ਗੁਰੂ ਨੂੰ ਮਿਲ ਕੇ (ਹੀ) ਲੱਭ ਸਕੀਦਾ ਹੈ।4।6।